ਨੰ : ਸੀ. ਸਹਾਇਕ (ਅਮਲਾ)/ਆਰ. ਟੀ. ਆਈ. ਅਪੀਲ/ਸੰ:ਰ:ਜ:/.9139 ਮਿਤੀ : 29/9/23
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ, ਚੰਡੀਗੜ੍ਹ। 12 OCT 2023 ਨੰਬਰ 8997

ਵਿਸ਼ਾ :- ਆਰ. ਟੀ. ਆਈ. ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਆਰ. ਟੀ. ਆਈ. ਸ਼ਾਖਾ ਡਾਇਰੀ ਨੰ 1016 ਮਿਤੀ 16/10/23

**ਯਾਦ ਪੱਤਰ :**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਓਮ ਪ੍ਰਕਾਸ਼ ਸ਼ਰਮਾ, ਲੇਨ ਨੰਬਰ 02, ਪ੍ਰੇਮ ਨਗਰ, ਨੀਅਰ ਹੈਪੀ ਪਬਲਿਕ ਸਕੂਲ, ਪਠਾਨਕੋਟ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਦਫਤਰ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 31.08.2023 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ. ਟੀ. ਆਈ. ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ. ਵਿ ਪੱ ਨੰ: 51/8/2014/2 ਆਰ. ਟੀ. ਆਈ. ਐਨ. ਸੀ. / 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ. ਟੀ. ਆਈ. / 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਓਮ ਪ੍ਰਸ਼ਾਦ, ਅਪੀਲਕਰਤਾ ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 31.08.2023 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।
ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

503 13/X/23

13.10.23

APIO

Computer cell upload
19/10/23

ਸੰਯੁਕਤ ਰਜਿਸਟਰਾਰ (ਐਪੀਲਾਂਟ ਅਥਾਰਟੀ) ਸਹਿਕਾਰੀ ਸਭਾਵਾਂ ਜਲੰਧਰ ਮੰਡਲ,
ਸੀ.ਸੀ.ਬੀ ਜਲੰਧਰ, ਚੌਥੀ ਮੰਜਿਲ, ਸਾਹਮਣੇ ਵੱਡਾ ਡਾਕਖਾਨਾ, ਸਿਵਲ ਲਾਈਨਜ਼, ਜਲੰਧਰ,
ਈ-ਮੇਲ ਐਡਰੈਸ : jrjalandhar1@gmail.com

ਓਮ ਪ੍ਰਕਾਸ਼ ਸ਼ਰਮਾ,
ਲੇਨ ਨੰਬਰ 02, ਪ੍ਰੇਮ ਨਗਰ,
ਨੀਅਰ ਹੈਪੀ ਪਬਲਿਕ ਸਕੂਲ,
ਪਠਾਨਕੋਟ।

......ਐਪੀਲੈਂਟ.....

ਬਨਾਮ

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ।

.... ਰਿਸਪੋਂਡੈਂਟ ....

ਅਪੀਲ ਰਾਈਟ ਟੂ ਇਨਫਰਮੇਸ਼ਨ ਐਕਟ - 2005 ਦੇ ਸੈਕਸ਼ਨ 19 ਤਹਿਤ ਅਪੀਲ।

ਹਾਜਰੀ ਮਿਤੀ : 31.08.2023 :

ਸ੍ਰੀ ਸ਼ੇਰ ਸਿੰਘ, ਜੂਨੀਅਰ ਸਹਾਇਕ,
ਦਫਤਰ ਉਪ-ਰਜਿਸਟਰਾਰ (ਪੀ.ਆਈ.ਓ.)
ਸਹਿਕਾਰੀ ਸਭਾਵਾਂ ਪਠਾਨਕੋਟ।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਪ੍ਰਾਰਥੀ ਵਲੋਂ ਦਰਖਾਸਤ, ਜੋ ਮਿਤੀ : 19.07.2023 ਨੂੰ ਇਸ ਦਫਤਰ ਵਿੱਚ ਰਸੀਟ ਹੋਈ, ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 15.05.2023 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਪਾਸੋਂ ਹੇਠ ਲਿਖੇ ਅਨੁਸਾਰ ਸੂਚਨਾ ਲੈਣ ਵਾਸਤੇ ਅਪਲਾਈ ਕੀਤਾ ਗਿਆ ਸੀ :-

"Month-wise rent paid to the Gurdaspur Kangra District Cooperative Cold Store Limited, Pathankot, (Pb) 145001 by Pandit Sain Dass S/o Gujal Mal from 1973 onwards & subsequently after his death, rent paid by whom till date."

ਅਪੀਲ ਅਨੁਸਾਰ ਪ੍ਰਾਰਥੀ ਵਲੋਂ ਮੰਗੀ ਗਈ ਉੱਕਤ ਅਨੁਸਾਰ ਸੂਚਨਾ ਉਸਨੂੰ ਉਪਲਬੱਧ ਨਹੀਂ ਕਰਵਾਈ ਗਈ। ਪ੍ਰਾਰਥੀ ਵਲੋਂ ਅਪੀਲ ਰਾਹੀਂ ਬੇਨਤੀ ਕੀਤੀ ਗਈ ਕਿ ਉਸ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਵਾਈ ਜਾਵੇ।

........2.......

ਅਪੀਲ ਦੀ ਸੁਣਵਾਈ ਵਾਸਤੇ ਦੋਵੇਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ : 31.08.2023 ਨੂੰ ਅਪੀਲ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਦਫਤਰ ਵਲੋਂ ਸ੍ਰੀ ਸ਼ੇਰ ਸਿੰਘ, ਜੂਨੀਅਰ ਸਹਾਇਕ ਹਾਜਰ ਆਇਆ ਅਤੇ ਉਸ ਵਲੋਂ ਪਬਲਿਕ ਇਨਫਰਮੇਸ਼ਨ ਅਫਸਰ ਦੇ ਬੀਹਾਫ ਤੇ ਪੱਤਰ ਨੰ : ਸੀ.ਸਹਾਇਕ/ ਡੀ.ਆਰ.ਪ./ 136, ਮਿਤੀ : 29.08.2023 ਰਾਹੀਂ ਜਵਾਬ ਪੇਸ਼ ਕੀਤਾ ਗਿਆ। ਜਵਾਬ ਅਨੁਸਾਰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਵਲੋਂ ਪੱਤਰ ਨੰ : 611, ਮਿਤੀ : 24.05.2023 ਰਾਹੀਂ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਨੂੰ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਵਾਉਣ ਲਈ ਲਿਖਿਆ ਗਿਆ। ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਵਲੋਂ ਉਨ੍ਹਾਂ ਦੇ ਪੱਤਰ ਨੰ : 129, ਮਿਤੀ : 11.07.2023 ਰਾਹੀਂ ਇਸ ਮਾਮਲੇ ਸਬੰਧੀ ਸ੍ਰੀ ਵਿਸ਼ਾਲ ਸ਼ਰਮਾ, ਵਕੀਲ ਅਤੇ ਸ੍ਰੀ ਹਰਬੰਸ ਸ਼ਰਮਾ, ਵਕੀਲ ਵਲੋਂ ਦਿੱਤਾ ਗਿਆ ਜਵਾਬ ਪੇਸ਼ ਕੀਤਾ ਗਿਆ, ਜਿਸ ਅਨੁਸਾਰ ਸਭਾ ਪਬਲਿਕ ਅਥਾਰਟੀ ਨਹੀਂ ਹੈ ਅਤੇ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 15.05.2023 ਰਾਹੀਂ ਮੰਗੀ ਗਈ ਸੂਚਨਾ ਦੇਣ ਲਈ ਪਾਬੰਦ ਨਹੀਂ ਹੈ। ਇਸ ਸਬੰਧ ਵਿੱਚ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਪਠਾਨਕੋਟ ਵਲੋਂ ਉਨ੍ਹਾਂ ਦੇ ਪੱਤਰ ਨੰ : 868, ਮਿਤੀ : 26.07.2023 ਅਤੇ ਪੱਤਰ ਨੰ : 900, ਮਿਤੀ : 16.08.2023 ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ।

ਮਿਤੀ : 31.08.2023 ਨੂੰ ਅਪੀਲ ਦੀ ਸੁਣਵਾਈ ਦੌਰਾਨ ਹਾਜਰ ਆਈਆਂ ਧਿਰਾਂ ਅਤੇ ਰੀਕਾਰਡ ਦੀ ਘੋਖ ਕਰਨ ਉਪਰੰਤ ਮੈਂ ਇਸ ਸਿੱਟੇ ਤੇ ਪੰਹੁਚੀ ਹਾਂ ਕਿ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ "ਦੀ ਗੁਰਦਾਸਪੁਰ ਕਾਂਗੜਾ ਡਿਸਟ੍ਰਿਕ ਕੋਆਪ੍ਰੇਟਿਵ ਕੋਲਡ ਸਟੋਰ ਲਿਮ: ਪਠਾਨਕੋਟ ਨਾਲ ਸਬੰਧਤ ਹੈ" ਅਤੇ ਇਹ ਇੱਕ ਸਹਿਕਾਰੀ ਸਭਾ ਹੈ। ਸਹਿਕਾਰੀ ਸਭਾਵਾਂ ਰਾਈਟ ਟੂ ਇਨਫਰਮੇਸ਼ਨ ਐਕਟ ਅਧੀਨ ਕਵਰ ਨਹੀਂ ਹੁੰਦੀਆਂ ਹਨ। ਇਸ ਲਈ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 15.05.2023 ਰਾਹੀਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਨਹੀਂ ਕਰਵਾਈ ਜਾ ਸਕਦੀ ਹੈ। ਇਸ ਲਈ ਅਪੀਲ ਡਿਸਪੋਜ਼ ਆਫ ਕੀਤੀ ਜਾਂਦੀ ਹੈ।

ਪ੍ਰਾਰਥੀ ਜੇਕਰ ਇਸ ਅਦਾਲਤ ਵਲੋਂ ਕੀਤੇ ਗਏ ਫੈਸਲੇ ਨਾਲ ਸੰਤੁਸ਼ਟ ਨਾ ਹੋਵੇ ਤਾਂ ਉਹ ਮਾਨਯੋਗ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ, ਚੰਡੀਗੜ੍ਹ ਜੀ ਪਾਸ ਅਗਲੀ ਅਪੀਲ ਦਾਇਰ ਕਰ ਸਕਦਾ ਹੈ।

ਮਿਤੀ : 31.08.2023.

(ਸਰਬਜੀਤ ਕੌਰ)
ਸੰਯੁਕਤ ਰਜਿਸਟਰਾਰ
ਸਹਿਕਾਰੀ ਸਭਾਵਾਂ ਜਲੰਧਰ ਮੰਡਲ ਜਲੰਧਰ।

ਅਸਲ ਕਾਪੀ ਤੋਂ ਤਸਦੀਕ ਕੀਤਾ
ਸੁਪਰਡੰਟ 29/9/23
ਦਫਤਰ ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ ਜਲੰਧਰ ਮੰਡਲ, ਜਲੰਧਰ।